ਮਃ ੧ ॥ ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ ॥ ਗੁਰੁ ਪੀਰੁ ਹਾਮਾ ਤਾ ਭਰੇ ਜਾ ਮੁਰਦਾਰੁ ਨ ਖਾਇ ॥ ਗਲੀ ਭਿਸਤਿ ਨ ਜਾਈਐ ਛੁਟੈ ਸਚੁ ਕਮਾਇ ॥ ਮਾਰਣ ਪਾਹਿ ਹਰਾਮ ਮਹਿ ਹੋਇ ਹਲਾਲੁ ਨ ਜਾਇ ॥ ਨਾਨਕ ਗਲੀ ਕੂੜੀਈ ਕੂੜੋ ਪਲੈ ਪਾਇ ॥੨॥ {ਪੰਨਾ 141}

ਪਦਅਰਥ:- ਹਾਮਾ ਭਰੇ—ਸਿਫ਼ਾਰਸ਼ ਕਰਦਾ ਹੈ {ਕਿਸੇ ਮੁਸਲਮਾਨ ਨਾਲ ਵਿਚਾਰ ਹੋਣ ਕਰ ਕੇ ਉਹਨਾਂ ਦੇ ਹੀ ਅਕੀਦੇ ਦਾ ਜ਼ਿਕਰ ਕੀਤਾ ਹੈ}। ਮੁਰਦਾਰੁ—ਮਸਾਲੇ ਪਰਾਇਆ ਹੱਕ। ਭਿਸਤਿ—ਬਹਿਸ਼ਤ ਵਿਚ। ਛੁਟੈ—ਨਜਾਤ ਮਿਲਦੀ ਹੈ, ਮੁਕਤੀ ਹਾਸਲ ਹੁੰਦੀ ਹੈ। ਕਮਾਇ—ਕਮਾ ਕੇ, ਅਮਲੀ ਜੀਵਨ ਵਿਚ ਵਰਤਿਆਂ। ਮਾਰਣ—ਮਸਾਲੇ (ਬਹਸ ਆਦਿਕ ਚੁਤਰਾਈ ਦੀਆਂ ਗੱਲਾਂ)। ਕੂੜੀਈ ਗਲੀ—(ਬਹਸ ਆਦਿਕ ਦੀਆਂ) ਕੂੜੀਆਂ ਗੱਲਾਂ ਨਾਲ। ਪਲੈ ਪਾਇ—ਮਿਲਦਾ ਹੈ।

ਅਰਥ:- ਹੇ ਨਾਨਕ! ਪਰਾਇਆ ਹੱਕ ਮੁਸਲਮਾਨ ਲਈ ਸੂਰ ਹੈ ਤੇ ਹਿੰਦੂ ਲਈ ਗਾਂ ਹੈ। ਗੁਰੂ ਪੈਗ਼ੰਬਰ ਤਾਂ ਹੀ ਸਿਫ਼ਾਰਿਸ਼ ਕਰਦਾ ਹੈ ਜੇ ਮਨੁੱਖ ਪਰਾਇਆ ਹੱਕ ਨਾਹ ਵਰਤੇ। ਨਿਰੀਆਂ ਗੱਲਾਂ ਕਰਨ ਨਾਲ ਬਹਿਸ਼ਤ ਵਿਚ ਨਹੀਂ ਅੱਪੜ ਸਕੀਦਾ। ਸੱਚ ਨੂੰ (ਭਾਵ, ਜਿਸ ਨੂੰ ਸੱਚਾ ਰਸਤਾ ਆਖਦੇ ਹਉ, ਉਸ ਨੂੰ) ਅਮਲੀ ਜੀਵਨ ਵਿਚ ਵਰਤਿਆਂ ਹੀ ਨਜਾਤ ਮਿਲਦੀ ਹੈ। (ਬਹਿਸ ਆਦਿਕ ਗੱਲਾਂ ਦੇ) ਮਸਾਲੇ ਹਰਾਮ ਮਾਲ ਵਿਚ ਪਾਇਆਂ ਉਹ ਹੱਕ ਦਾ ਮਾਲ ਨਹੀਂ ਬਣ ਜਾਂਦਾ। ਹੇ ਨਾਨਕ! ਕੂੜੀਆਂ ਗੱਲਾਂ ਕੀਤਿਆਂ ਕੂੜ ਹੀ ਮਿਲਦਾ ਹੈ।2।